# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ : 06-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਜੰਮੂ-ਕਸ਼ਮੀਰ ਦੇ ਰਾਮਬਨ ਜ਼ਿਲ੍ਹੇ ਵਿੱਚ ਚਨਾਬ ਨਦੀ ਉੱਤੇ ਬਣੇ ਦੁਨੀਆ ਦੇ ਸਭ ਤੋਂ ਉੱਚੇ ਰੇਲਵੇ ਆਰਚ ਪੁਲ - ਚਨਾਬ ਪੁਲ ਦਾ ਉਦਘਾਟਨ ਕੀਤਾ। ਸਾਡੇ ਜੰਮੂ ਦੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ, ਕੇਂਦਰੀ ਮੰਤਰੀ ਡਾ. ਜਿਤੇਂਦਰ ਸਿੰਘ, ਮੁੱਖ ਮੰਤਰੀ ਉਮਰ ਅਬਦੁੱਲਾ ਅਤੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਵੀ ਉਦਘਾਟਨ ਦੌਰਾਨ ਮੌਜੂਦ ਸਨ। ਪ੍ਰਧਾਨ ਮੰਤਰੀ ਨੇ ਚਨਾਬ ਪੁਲ ਦਾ ਉਦਘਾਟਨ ਕਰਦੇ ਹੋਏ ਤਿਰੰਗਾ ਲਹਿਰਾਇਆ। ਬਾਅਦ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਮੋਦੀ ਨੇ ਜੰਮੂ ਡਿਵੀਜ਼ਨ ਦੇ ਰਿਆਸੀ ਜ਼ਿਲ੍ਹੇ ਵਿੱਚ ਊਧਮਪੁਰ-ਸ਼੍ਰੀਨਗਰ-ਬਾਰਾਮੂਲਾ ਰੇਲ ਲਿੰਕ ਪ੍ਰੋਜੈਕਟ 'ਤੇ ਭਾਰਤ ਦੇ ਪਹਿਲੇ ਕੇਬਲ-ਸਟੇਡ ਰੇਲ ਪੁਲ, ਅੰਜੀ ਪੁਲ ਦਾ ਉਦਘਾਟਨ ਕੀਤਾ। ਇਸ ਤੋਂ ਪਹਿਲਾਂ ਸ਼੍ਰੀ ਮੋਦੀ ਨੇ

ਚਨਾਬ ਪੁਲ ਦਾ ਨਿਰੀਖਣ ਕੀਤਾ ਜੋ ਨਦੀ ਦੇ ਤਲ ਤੋਂ 359 ਮੀਟਰ ਦੀ ਉਚਾਈ 'ਤੇ ਸਥਿਤ ਏ। ਪ੍ਰਧਾਨ ਮੰਤਰੀ ਕਟੜਾ ਤੋਂ ਵੱਖ-ਵੱਖ ਸੜਕ ਪ੍ਰੋਜੈਕਟਾਂ ਦਾ ਨੀਂਹ ਪੱਥਰ ਵੀ ਰੱਖਣਗੇ ਅਤੇ ਵਰਚੁਅਲੀ ਉਦਘਾਟਨ ਕਰਨਗੇ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਦੇ ਨੌਜਵਾਨਾਂ ਦੀਆਂ ਵਿਸ਼ਵ ਪੱਧਰੀ ਪ੍ਰਾਪਤੀਆਂ ਦਾ ਹਵਾਲਾ ਦਿੰਦੇ ਹੋਏ, ਅੱਜ ਕਿਹਾ ਏ ਕਿ, ਦੇਸ਼ ਦੇ ਨੌਜਵਾਨਾਂ ਨੇ ਦੁਨੀਆ 'ਤੇ ਆਪਣੀ ਛਾਪ ਛੱਡੀ ਏ। ਕੇਂਦਰ ਵਿੱਚ NDA ਸਰਕਾਰ ਦੇ 11 ਸਾਲ ਪੂਰੇ ਹੋਣ ਦੇ ਮੌਕੇ 'ਤੇ, ਸ਼੍ਰੀ ਮੋਦੀ ਨੇ ਨੌਜਵਾਨਾਂ ਨੂੰ ਗਤੀਸ਼ੀਲਤਾ, ਨਵੀਨਤਾ ਅਤੇ ਮਜ਼ਬੂਤ ਇੱਛਾ ਸ਼ਕਤੀ ਦਾ ਪ੍ਰਤੀਕ ਦੱਸਿਆ। ਉਨ੍ਹਾਂ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਦੇਸ਼ ਦਾ ਵਿਕਾਸ ਨੌਜਵਾਨਾਂ ਦੇ ਮਜ਼ਬੂਤ ਵਿਸ਼ਵਾਸ ਅਤੇ ਅਸਾਧਾਰਨ ਊਰਜਾ ਤੋਂ ਪ੍ਰੇਰਿਤ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ, ਦੇਸ਼ ਨੇ ਨੌਜਵਾਨਾਂ ਨੂੰ ਸਟਾਰਟਅੱਪਜ਼, ਵਿਗਿਆਨ, ਖੇਡਾਂ, ਭਾਈਚਾਰਕ ਸੇਵਾ ਅਤੇ

ਸੱਭਿਆਚਾਰ ਸਮੇਤ ਵੱਖ-ਵੱਖ ਖੇਤਰਾਂ ਵਿੱਚ ਅਸਾਧਾਰਨ ਪ੍ਰਾਪਤੀਆਂ ਕਰਦੇ ਦੇਖਿਆ ਏ। ਪ੍ਰਧਾਨ ਮੰਤਰੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਨੌਜਵਾਨ ਇੱਕ ਵਿਕਸਤ ਭਾਰਤ ਦੇ ਨਿਰਮਾਣ ਲਈ ਯਤਨ ਕਰਨਾ ਜਾਰੀ ਰੱਖਣਗੇ।

---------------------------------------------------

ਹੜ੍ਹ ਸੁਰੱਖਿਆ ਦੇ ਚੱਲ ਰਹੇ ਕੰਮਾਂ ਦੀ ਪ੍ਰਗਤੀ ਦੀ ਨਿਗਰਾਨੀ ਲਈ ਚੰਡੀਗੜ੍ਹ ਸਥਿਤ ਆਪਣੀ ਸਰਕਾਰੀ ਰਿਹਾਇਸ਼ ’ਤੇ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਾਸਟਰ ਪਲਾਨ ਨਾ ਸਿਰਫ਼ ਫੰਡਾਂ ਦੀ ਤਰਕਸੰਗਤ ਵਰਤੋਂ ਯਕੀਨੀ ਬਣਾਏਗਾ, ਸਗੋਂ ਹੜ੍ਹ ਪੀੜਤਾਂ ਨੂੰ ਫਸਲਾਂ ਦੇ ਨੁਕਸਾਨ ਅਤੇ ਜਾਇਦਾਦ ਦੇ ਨੁਕਸਾਨ ਲਈ ਮੁਆਵਜ਼ਾ ਦੇਣ ’ਤੇ ਖ਼ਰਚੇ ਜਾ ਰਹੇ ਕਰੋੜਾਂ ਰੁਪਏ ਦੀ ਬੱਚਤ ਕਰਨ ਵਿੱਚ ਵੀ ਮਦਦ ਕਰੇਗਾ। ਉਨ੍ਹਾਂ ਕਿਹਾ ਕਿ ਡਰੇਨਾਂ ਅਤੇ ਦਰਿਆਵਾਂ ਦੇ ਪ੍ਰਬੰਧਨ ਦੀ ਯੋਜਨਾ ਸਿੰਜਾਈ ਵਿਭਾਗ ਦੇ ਇੰਜਨੀਅਰਾਂ ਨਾਲ ਸਿੱਧਾ ਤਾਲਮੇਲ ਕਰ ਕੇ ਬਣਾਈ ਜਾਣੀ ਚਾਹੀਦੀ ਏ। ਇਸ ਨਾਲ ਹੜ੍ਹ ਸੁਰੱਖਿਆ ਬੁਨਿਆਦੀ ਢਾਂਚੇ

ਦੀ ਨਿਯਮਤ ਤੌਰ 'ਤੇ ਸਾਫ਼-ਸਫ਼ਾਈ ਅਤੇ ਮਜ਼ਬੂਤੀ ਯਕੀਨੀ ਬਣਾਈ ਜਾ ਸਕੇਗੀ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਮਾਸਟਰ ਪਲਾਨ ਦੇ ਆਧਾਰ 'ਤੇ ਵਿਆਪਕ ਖਾਕਾ ਉਲੀਕਣ ਦੇ ਨਿਰਦੇਸ਼ ਦਿੱਤੇ ਤਾਂ ਜੋ ਹੜ੍ਹ ਸੁਰੱਖਿਆ ਕਾਰਜਾਂ ਨੂੰ ਬਰਸਾਤ ਦੇ ਮੌਸਮ ਤੋਂ ਠੀਕ ਪਹਿਲਾਂ ਰਵਾਇਤੀ ਪਹੁੰਚ ਅਪਣਾਉਣ ਦੀ ਬਜਾਏ ਯੋਜਨਾਬੱਧ ਢੰਗ ਨਾਲ ਲਾਗੂ ਕੀਤਾ ਜਾ ਸਕੇ। ਉਨ੍ਹਾਂ ਨੇ ਪੰਜਾਬ ਦੇ ਸਾਰੇ 22 ਜ਼ਿਲ੍ਹਿਆਂ ਵਿੱਚ ਹੜ੍ਹ ਸੁਰੱਖਿਆ ਕਾਰਜਾਂ ਅਤੇ ਡਰੇਨਾਂ ਦੀ ਸਫ਼ਾਈ ਲਈ ਤਕਰੀਬਨ 120 ਕਰੋੜ ਰੁਪਏ ਨੂੰ ਪ੍ਰਵਾਨਗੀ ਵੀ ਦਿੱਤੀ।

----------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹੈ ਕਿ ਸੂਬੇ ਵਿੱਚ ਵਿਸ਼ਵ ਪੱਧਰੀ ਸਿੱਖਿਆ ਨੂੰ ਯਕੀਨੀ ਬਣਾ ਕੇ ਅਕਾਦਮਿਕ ਉੱਤਮਤਾ ਵੱਲ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ ਆਉਣ ਵਾਲੇ ਸੈਸ਼ਨ ਵਿੱਚ ਇੰਡੀਅਨ ਇੰਸਟੀਚਿਊਟਜ਼ ਆਫ ਟੈਕਨੋਲੋਜੀ (ਆਈ.ਆਈ.ਟੀਜ਼.) ਵਿੱਚ ਦਾਖਲਾ ਪ੍ਰਾਪਤ ਕਰਨ ਵਾਲੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ ਦੁੱਗਣੀ ਕਰਨ ਦਾ ਟੀਚਾ

ਰੱਖਿਆ ਏ। ਇਹ ਕਦਮ ਇਸ ਸਾਲ 44 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਸਖ਼ਤ ਮੁਕਾਬਲੇ ਵਾਲੀ ਜੇ.ਈ.ਈ. (ਐਡਵਾਂਸਡ) ਪ੍ਰੀਖਿਆ ਨੂੰ ਪਾਸ ਕਰਨ ਤੋਂ ਬਾਅਦ ਚੁੱਕਿਆ ਗਿਆ ਏ। ਚੰਡੀਗੜ੍ਹ ਸਥਿਤ ਪੰਜਾਬ ਭਵਨ ਵਿਖੇ ਮੀਡੀਆ ਨਾਲ ਗੱਲਬਾਤ ਮੰਤਰੀ ਨੇ ਕਿਹਾ ਕਿ ਨਵੰਬਰ 2023 ਵਿਚ ਸ਼ੁਰੂ ਕੀਤੇ ਪ੍ਰੋਗਰਾਮ ਪੰਜਾਬ ਅਕੈਡਮਿਕ ਕੋਚਿੰਗ ਫਾਰ ਐਕਸੀਲੈਂਸ (ਪੇਸ) ਤਹਿਤ ਵਿਦਿਆਰਥੀਆਂ ਨੂੰ ਮੁਫ਼ਤ ਕੋਚਿੰਗ ਪ੍ਰਦਾਨ ਕੀਤੀ ਜਾਂਦੀ ਏ, ਜਿਸ ਵਿੱਚ ਲਾਈਵ ਔਨਲਾਈਨ ਕਲਾਸਾਂ, ਸਵਾਲ-ਜਵਾਬ ਸੈਸ਼ਨ, ਮੌਕ ਟੈਸਟ ਅਤੇ ਰੈਜ਼ੀਡੈਂਸ਼ੀਅਲ ਕੈਂਪ ਕੋਚਿੰਗ ਸ਼ਾਮਲ ਨੇ।

---------------------------------------------------------------

ਪੰਜਾਬ ਸਰਕਾਰ ਵੱਲੋਂ ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨ ਅਤੇ ਰਾਸ਼ਟਰੀ ਤੇ ਅੰਤਰ ਰਾਸ਼ਟਰੀ ਮੰਡੀਆਂ ਵਿੱਚ ਪੰਜਾਬੀ ਉਤਪਾਦਾਂ ਦੀ ਪਹੁੰਚ ਵਧਾਉਣ ਦੀ ਯੋਜਨਾ ਹੇਠ ਪੰਜਾਬ ਐਗਰੋ ਵੱਲੋਂ ਸਾਉਣੀ 2025 ਲਈ ਜੈਵਿਕ ਖੇਤੀ ਰਜਿਸਟ੍ਰੇਸ਼ਨ ਦੀ ਸ਼ੁਰੂਆਤ ਕੀਤੀ ਗਈ ਏ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਜਲੰਧਰ

ਦੇ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ ਦੇ ਸੁਪਰਵਾਈਜ਼ਰ ਸਤਵਿੰਦਰ ਸਿੰਘ ਨੇ ਦੱਸਿਆ ਕਿ ਚਾਹਵਾਨ ਕਿਸਾਨ 30 ਜੂਨ ਤੱਕ ਆਪਣੀ ਜੈਵਿਕ ਖੇਤੀ ਦਾ ਪ੍ਰਮਾਣੀਕਰਨ ਮੁਫ਼ਤ ਕਰਵਾ ਸਕਦੇ ਨੇ। ਉਨ੍ਹਾਂ ਦੱਸਿਆ ਕਿ ਜੈਵਿਕ ਖੇਤੀ ਕਰਦੇ ਕਿਸਾਨਾਂ ਨੂੰ ਸਰਕਾਰ ਵੱਲੋਂ ਮੁਫ਼ਤ ਰਜਿਸਟਰੇਸ਼ਨ, ਪਰਮਾਣੀਕਰਨ, ਬਿਓ ਫਰਟੀਲਾਈਜ਼ਰ ਆਦਿ ਮੁਫ਼ਤ ਦਿੱਤੇ ਜਾਂਦੇ ਨੇ ਅਤੇ ਖੇਤਾਂ ਦਾ ਨਿਰੀਖਣ, ਤਕਨੀਕੀ ਸਹਾਇਤਾ ਵੀ ਮੁਫ਼ਤ ਪ੍ਰਦਾਨ ਕੀਤੀ ਜਾਂਦੀ । ਰਜਿਸਟਰੇਸ਼ਨ ਕਰਵਾਉਣ ਲਈ ਘੱਟੋ-ਘੱਟ ਅੱਧਾ ਕਿੱਲਾ ਜੈਵਿਕ ਖੇਤੀ ਅਧੀਨ ਹੋਣਾ ਲਾਜ਼ਮੀ ਏ। ਉਨ੍ਹਾਂ ਦੱਸਿਆ ਕਿ ਇਸ ਦੀ ਰਜਿਸਟਰੇਸ਼ਨ ਲਈ ਆਧਾਰ ਕਾਰਡ ਦੀ ਕਾਪੀ, ਖਤੌਨੀ ਦੀ ਕਾਪੀ ਤੇ ਬੈਂਕ ਦੀ ਪਾਸਬੁੱਕ ਦੀ ਕਾਪੀ ਲੋੜੀਂਦੇ ਨੇ।

---------------------------------------------------------------

ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼, ਐਸ.ਏ.ਐਸ. ਨਗਰ (ਮੋਹਾਲੀ) ਦੀਆਂ ਚਾਰ ਕੈਡਿਟਾਂ ਰੱਖਿਆ ਸੇਵਾਵਾਂ ਸਬੰਧੀ ਵੱਕਾਰੀ ਪ੍ਰੀ-ਕਮਿਸ਼ਨ ਸਿਖਲਾਈ ਅਕੈਡਮੀਆਂ ਲਈ

ਚੁਣੀਆਂ ਗਈਆਂ ਨੇ। ਇਹ ਕੈਡਿਟਾਂ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.), ਏਅਰ ਫੋਰਸ ਅਕੈਡਮੀ, ਇੰਡੀਅਨ ਨੇਵਲ ਅਕੈਡਮੀ ਅਤੇ ਆਫਿਸਰਜ਼ ਟ੍ਰੇਨਿੰਗ ਅਕੈਡਮੀ ਵਿੱਚ ਜੁਆਇਨ ਕਰਨਗੀਆਂ। ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਚੁਣੀਆਂ ਗਈਆਂ ਕੈਡਿਟਾਂ ਨੈਂਸੀ, ਨਿਸ਼ਾ ਤੇ ਦੀਕਸ਼ਾ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਨੇ।